# ਦਫ਼ਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ

01823-221301 (ਦਫ਼ਤਰ), 01823-226426 (ਫੈਕਸ), dc.nsr@punjab.gov.in (ਈ-ਮੇਲ)

(ਫੁੱਟਕਲ ਸ਼ਾਖਾ)

ਹੁਕਮ:-

ਸਿਵਲ ਸਰਜਨ, ਸ਼ਹੀਦ ਭਗਤ ਸਿੰਘ ਨਗਰ ਪਾਸੋਂ ਪ੍ਰਾਪਤ ਪੱਤਰ ਨੰਬਰ ਆਈ.ਡੀ.ਐਸ.ਪੀ./2021/SPL/514 ਮਿਤੀ 26-02-2021 ਅਤੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕੋਵਿਡ-19 ਸਬੰਧੀ ਗਠਿਤ ਕੀਤੀ ਗਈ ਜ਼ਿਲ੍ਹਾ ਟੈਕਨੀਕਲ ਕਮੇਟੀ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਪ੍ਰਾਪਤ ਹੋਈ ਸ਼ਿਫਾਰਸ਼ ਰਿਪੋਰਟ ਪਿੱਠ ਅੰਕਣ ਨੰਬਰ 1649/ਰੀਡਰ ਏ.ਡੀ.ਸੀ. (ਜ) ਮਿਤੀ 26-02-2021 ਦੇ ਆਧਾਰ ਤੇ ਇਸ ਦਫ਼ਤਰ ਦੇ ਹੁਕਮ ਪਿੱਠ ਅੰਕਣ ਨੰ: 10940-53/ਐਮ.ਏ./ਕੋਵਿਡ-19 ਮਿਤੀ 26-02-2021 ਰਾਹੀਂ ਪਿੰਡ ਰਟੈਂਡਾ ਤਹਿਸੀਲ ਬੰਗਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਨਾਲ ਨੱਥੀ ਨਕਸ਼ੇ ਵਿੱਚ ਦਰਸਾਏ ਗਏ ਏਰੀਏ ਨੂੰ Micro Containment Zone ਘੋਸ਼ਿਤ ਕੀਤਾ ਗਿਆ ਸੀ।

ਹੁਣ ਸਿਵਲ ਸਰਜਨ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਆਪਣੇ ਦਫ਼ਤਰ ਦੇ ਪੱਤਰ ਨੰਬਰ ਆਈ.ਡੀ.ਐਸ.ਪੀ/2021/Spl/585 ਮਿਤੀ 16-03-2021 ਅਤੇ ਕੋਵਿਡ-19 ਸਬੰਧੀ ਗਠਿਤ ਕੀਤੀ ਜ਼ਿਲ੍ਹਾ ਟੈਕਨੀਕਲ ਕਮੇਟੀ, ਸ਼ਹੀਦ ਭਗਤ ਸਿੰਘ ਵੱਲੋ ਪਿੱਠ ਅੰਕਣ ਨੰਬਰ 1711/ਰੀਡਰ/ਏ.ਡੀ.ਸੀ. (ਜ) ਮਿਤੀ 17-03-2021 ਰਾਹੀਂ ਇਸ ਦਫ਼ਤਰ ਨੂੰ ਲਿਖਿਆ ਹੈ ਕਿ ਮਿਤੀ 06-03-2021 ਤੋਂ ਪਿੰਡ ਰਟੈਂਡਾ ਤਹਿਸੀਲ ਬੰਗਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਲਗਾਤਾਰ ਸਕਰੀਨਿੰਗ ਕਰਨ ਉਪਰੰਤ ਹੋਰ ਕੋਈ ਵੀ ਕੋਵਿਡ-19 ਦਾ ਕੇਸ ਰਿਪੋਰਟ ਨਹੀਂ ਹੋਇਆ ਹੈ। ਸਰਕਾਰ ਦੀਆਂ ਗਾਇਡਲਾਈਨਾਂ ਅਨੁਸਾਰ 10 ਦਿਨਾਂ ਬਾਅਦ Micro Containment Zone ਨੂੰ ਖੋਲ੍ਹਣਾ ਬਣਦਾ ਹੈ। ਇਸ ਲਈ ਪਿੰਡ ਰਟੈਂਡਾ ਤਹਿਸੀਲ ਬੰਗਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਖੋਲ੍ਹਣ ਦੀ ਸ਼ਿਫਾਰਿਸ਼ ਸਹਿਤ ਤਜਵੀਜ਼ ਅਗਲੇਰੀ ਕਾਰਵਾਈ ਹਿੱਤ ਭੇਜੀ ਜਾਂਦੀ ਹੈ।

ਸਿਵਲ ਸਰਜਨ, ਸ਼ਹੀਦ ਭਗਤ ਸਿੰਘ ਨਗਰ ਪਾਸੋਂ ਪੱਤਰ ਨੰਬਰ ਆਈ.ਡੀ.ਐਸ.ਪੀ/2021/Spl/585 ਮਿਤੀ 16-03-2021 ਅਤੇ ਕੋਵਿਡ-19 ਸਬੰਧੀ ਗਠਿਤ ਜ਼ਿਲ੍ਹਾ ਟੈਕਨੀਕਲ ਕਮੇਟੀ, ਸ਼ਹੀਦ ਭਗਤ ਸਿੰਘ ਨਗਰ ਵਲੋਂ ਪਿੱਠ ਅੰਕਣ ਨੰਬਰ 1711/ਰੀਡਰ/ਏ.ਡੀ.ਸੀ. (ਜ) ਮਿਤੀ 17-03-2021 ਰਾਹੀਂ ਪ੍ਰਾਪਤ ਹੋਈਆਂ ਸ਼ਿਫਾਰਿਸ਼ ਰਿਪੋਰਟਾਂ ਨੂੰ ਮੁੱਖ ਰੱਖਦੇ ਹੋਏ ਪਿੰਡ ਰਟੈਂਡਾ ਤਹਿਸੀਲ ਬੰਗਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਨਾਲ ਨੱਥੀ ਨਕਸ਼ੇ ਵਿੱਚ ਦਰਸਾਏ ਗਏ ਏਰੀਏ ਨੂੰ ਤਰੁੰਤ **Micro Containment Zone** ਤੋਂ ਮੁਕਤ ਕੀਤਾ ਜਾਂਦਾ ਹੈ।

ਡਿਪਟੀ ਕਮਿਸ਼ਨਰ,
ਸ਼ਹੀਦ ਭਗਤ ਸਿੰਘ ਨਗਰ।

ਪਿੱਠ-ਅੰਕਣ ਨੰਬਰ: 11542-55 /M.A/COVID-19 ਮਿਤੀ 17-03-2021

ਇਸ ਦਾ ਇੱਕ ਉਤਾਰਾ ਨਿਮਨ-ਲਿਖਤ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ।
2. ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ।
3. ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ।
4. ਸਟੇਟ ਕੋਵਿਡ-19 ਕੰਟਰੋਲ ਰੂਮ, ਪੰਜਾਬ, ਚੰਡੀਗੜ੍ਹ।
5. ਵਿਸ਼ੇਸ਼ ਸਕੱਤਰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।

Scanned with CamScanner

6. ਡਾਇਰੈਕਟਰ, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
7. ਡਾ. ਰਾਜੇਸ਼ ਭਾਸਕਰ, Epidemiologist, DHS.
8. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
9. ਸੀਨੀਅਰ ਪੁਲਿਸ ਕਪਤਾਨ, ਸ਼ਹੀਦ ਭਗਤ ਸਿੰਘ ਨਗਰ।
10. ਵਧੀਕ ਡਿਪਟੀ ਕਮਿਸ਼ਨਰ (ਜ), ਸ਼ਹੀਦ ਭਗਤ ਸਿੰਘ ਨਗਰ।
11. ਉਪ ਮੰਡਲ ਮੈਜਿਸਟਰੇਟ, ਬੰਗਾ।
12. ਨੋਡਲ ਅਫਸਰ/ਮੈਂਬਰ ਕਨਵੀਨਰ/ਮੈਂਬਰ ਜ਼ਿਲ੍ਹਾ ਪਲੈਨਿੰਗ ਕਮੇਟੀ (ਕੋਵਿਡ-19 ਸਬੰਧੀ), ਸ਼ਹੀਦ ਭਗਤ ਸਿੰਘ ਨਗਰ।
13. ਸਿਵਲ ਸਰਜਨ, ਸ਼ਹੀਦ ਭਗਤ ਸਿੰਘ ਨਗਰ ਨੂੰ ਉਹਨਾਂ ਦੇ ਦਫ਼ਤਰ ਦੇ ਪੱਤਰ ਨੰ: ਆਈ.ਡੀ.ਐਸ.ਪੀ/2021/Spl/585 ਮਿਤੀ 16-03-2021 ਦੇ ਸਬੰਧ ਵਿੱਚ।
14. D.I.O. NIC, ਸ਼ਹੀਦ ਭਗਤ ਸਿੰਘ ਨਗਰ।

ਡਿਪਟੀ ਕਮਿਸ਼ਨਰ,
ਸ਼ਹੀਦ ਭਗਤ ਸਿੰਘ ਨਗਰ।

Scanned with CamScanner




Scanned with CamScanner